# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 15-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਿਮਾਚਲ ਦਿਵਸ ਦੇ ਮੌਕੇ 'ਤੇ ਹਿਮਾਚਲ ਪ੍ਰਦੇਸ਼ ਦੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਲਿਖਿਆ ਏ ਕਿ ਇਹ ਰਾਜ ਆਪਣੇ ਸ਼ਾਨਦਾਰ ਸੱਭਿਆਚਾਰ ਲਈ ਮਸ਼ਹੂਰ ਏ ਅਤੇ ਇਸ ਦੇ ਲੋਕ ਆਪਣੀ ਮਿਹਨਤ, ਹੁਨਰ ਤੇ ਬਹਾਦਰੀ ਲਈ ਜਾਣੇ ਜਾਂਦੇ ਨੇ। ਉਨ੍ਹਾਂ ਨੇ ਇਸ ਖਾਸ ਮੌਕੇ 'ਤੇ ਸਾਰੇ ਨਾਗਰਿਕਾਂ ਦੇ ਜੀਵਨ ਵਿਚ ਖੁਸ਼ਹਾਲੀ ਤੇ ਚੰਗੀ ਸਿਹਤ ਦੀ ਕਾਮਨਾ ਕੀਤੀ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਚੇਤਾਵਨੀ ਦਿੱਤੀ ਏ ਕਿ ਉਹ ਧਮਕੀ ਤੇ ਦਹਿਸ਼ਤ ਦੀ ਰਾਜਨੀਤੀ ਵਿਚ ਸ਼ਾਮਲ ਹੋਣ ਤੋਂ ਗੁਰੇਜ਼ ਕਰਨ ਕਿਉਂਕਿ ਲੋਕ, ਉਨ੍ਹਾਂ ਦੇ

ਫੁੱਟਪਾਊ ਅਤੇ ਸ਼ਰਾਰਤੀ ਰਵੱਈਏ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਇਕ ਸੀਨੀਅਰ ਆਗੂ ਨੇ ਬੀਤੇ ਦਿਨ ਇਕ ਬੇਬੁਨਿਆਦ ਤੇ ਤਰਕਹੀਣ ਬਿਆਨ ਦਿੱਤਾ ਸੀ ਕਿ ਸੂਬੇ ਵਿਚ 50 ਬੰਬ ਤਸਕਰੀ ਕੀਤੇ ਗਏ ਨੇ, ਜਿਨ੍ਹਾਂ ਵਿੱਚੋਂ 18 ਫਟ ਗਏ ਤੇ 32 ਹੋਰ ਹਾਲੇ ਵੀ ਮੌਜੂਦ ਨੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤਰਕਹੀਣ ਬਿਆਨ ਦਾ ਉਦੇਸ਼ ਸਿਰਫ ਲੋਕਾਂ ਦੇ ਮਨਾਂ ਵਿਚ ਦਹਿਸ਼ਤ ਪੈਦਾ ਕਰਨਾ ਸੀ। ਇਸ ਸਬੰਧ ਵਿਚ ਨਾ ਤਾਂ ਸੂਬਾਈ ਅਤੇ ਨਾ ਹੀ ਕੇਂਦਰੀ ਏਜੰਸੀਆਂ ਕੋਲ ਕੋਈ ਜਾਣਕਾਰੀ ਏ ਪਰ ਕਾਂਗਰਸੀ ਆਗੂ ਨੇ ਇਹ ਗਲਤ ਤੇ ਅਪ੍ਰਸੰਗਿਕ ਬਿਆਨ ਦਿੱਤਾ ਏ। ਇਸੇ ਦੌਰਾਨ, ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਨੇਤਾ ਪ੍ਰਤਾਪ ਸਿੰਘ ਬਾਜਵਾ, ਜਿਨ੍ਹਾਂ ਨੇ ਇਕ ਟੈਲੀਵਿਜ਼ਨ ਚੈਨਲ ਨਾਲ ਇੰਟਰਵਿਊ ਦੌਰਾਨ ਇਹ ਬਿਆਨ ਦਿੱਤਾ ਸੀ, ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ ਏ ਕਿ 'ਆਪ' ਸਰਕਾਰ ਅਫਵਾਹਾਂ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਏ। ਬਾਜਵਾ ਨੇ ਕਿਹਾ ਕਿ ਉਹ ਅੱਜ 2 ਵਜੇ ਮੋਹਾਲੀ ਦੇ ਸਾਈਬਰ ਸੈੱਲ ਪੁਲਿਸ ਸਟੇਸ਼ਨ ਪੁੱਜ ਕੇ ਪੰਜਾਬ ਵਿਚ 50 ਬੰਬਾਂ ਦੇ ਮੁੱਦੇ 'ਤੇ

ਅਧਿਕਾਰਤ ਬਿਆਨ ਦੇਣਗੇ। ਇਸ ਤੋਂ ਪਹਿਲਾਂ, ਐਤਵਾਰ ਨੂੰ ਮੋਹਾਲੀ ਵਿਚ ਸਾਈਬਰ ਕ੍ਰਾਈਮ ਪੁਲਿਸ ਨੇ ਪ੍ਰਤਾਪ ਸਿੰਘ ਬਾਜਵਾ ਉੱਤੇ ਕੇਸ ਦਰਜ ਕੀਤਾ ਸੀ ਅਤੇ ਸੂਬੇ ਵਿਚ 50 ਬੰਬਾਂ ਦੀ ਕਥਿਤ ਮੌਜੂਦਗੀ ਬਾਰੇ ਆਪਣੀ ਜਾਣਕਾਰੀ ਦੇ ਸਰੋਤ ਨੂੰ ਸਾਂਝਾ ਕਰਨ ਲਈ ਸੋਮਵਾਰ ਨੂੰ ਪੇਸ਼ ਹੋਣ ਲਈ ਕਿਹਾ ਸੀ। ਹਾਲਾਂਕਿ, ਉਨ੍ਹਾਂ ਦੇ ਵਕੀਲ ਨੇ ਅੱਜ ਪੇਸ਼ ਹੋਣ ਲਈ ਸਮਾਂ ਮੰਗਿਆ ਸੀ।

----------------------------------------------------

ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 45 ਦਿਨ ਪੂਰੇ ਹੋਣ ਦੇ ਨਾਲ, ਪੰਜਾਬ ਪੁਲਿਸ ਨੇ ਪਹਿਲੀ ਮਾਰਚ, 2025 ਤੋਂ ਹੁਣ ਤੱਕ 5,974 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ 3610 ਐੱਆਈ.ਆਰ ਦਰਜ ਕਰ ਲਈਆਂ ਨੇ। ਇਨ੍ਹਾਂ ਕਾਰਵਾਈਆਂ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰ ਰਹੇ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਏ ਕਿ ਪੁਲਿਸ ਟੀਮਾਂ ਨੇ ਫੜ੍ਹੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ ਹੁਣ ਤੱਕ 243 ਕਿੱਲੋ ਹੈਰੋਇਨ, 109 ਕਿੱਲੋ ਅਫੀਮ, ਭੁੱਕੀ, ਚਰਸ, ਗਾਂਜਾ, ਕੋਕੀਨ, ਨਸ਼ੇ ਦੀਆਂ ਸਾਢੇ

9 ਲੱਖ ਗੋਲੀਆਂ ਅਤੇ 6 ਕਰੋੜ ਰੁਪਏ ਤੋਂ ਵੱਧ ਨਕਦੀ ਬਰਾਮਦ ਕੀਤੀ ਗਈ ਏ। ਵਿਸ਼ੇਸ਼ ਡੀਜੀਪੀ ਨੇ ਦੱਸਿਆ ਕਿ ਇਸ ਮੁਹਿੰਮ ਦੀ ਰਣਨੀਤੀ ਦੇ ਹਿੱਸੇ ਵਜੋਂ ਪੀੜਤਾਂ ਨੂੰ ਨਸ਼ਿਆਂ ਦੀ ਆਦਤ ਛੱਡਣ, ਮੁੜ ਵਸੇਬੇ ਤੇ ਇਲਾਜ ਕਰਵਾਉਣ ਲਈ ਪ੍ਰੇਰਿਤ ਜਾਂਦਾ ਏ।

---------------------------------------------------------------

ਭਾਰਤ ਰਤਨ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੀ ਜਨਮ ਵਰੇਗੰਢ ਮੌਕੇ ਨੰਗਲ ਦੇ ਸਕੂਲ ਆਫ਼ ਐਮੀਨੈਂਸ ਵਿਚ ਪਹੁੰਚੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਏ ਕੀਤਾ ਕਿ ਇਸ ਸਕੂਲ ਦਾ ਨਾਂ ਡਾ. ਭੀਮ ਰਾਓ ਅੰਬੇਡਕਰ ਸਕੂਲ ਆਫ਼ ਐਮੀਨੈਂਸ ਹੋਵੇਗਾ। ਸਕੂਲ ਵਿਚ ਉਦਘਾਟਨੀ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਨੇ ਨਵੇਂ ਉਸਾਰੇ ਗਏ 18 ਕਮਰੇ, ਫਰਨੀਚਰ ਤੇ ਇੰਟਰੈਕਟਿਵ ਪੈਨਲ, ਸਕੂਲ ਨੂੰ ਸਮਰਪਿਤ ਕੀਤੇ। ਉਨ੍ਹਾਂ ਨੇ ਇਸ ਮੌਕੇ ਹਰ ਮੌਸਮ ਦੇ ਅਨੁਕੂਲ ਸਵੀਮਿੰਗ ਪੂਲ ਦਾ ਨੀਂਹ ਪੱਥਰ ਵੀ ਰੱਖਿਆ। ਇਸ ਸਮਾਗਮ ਦੌਰਾਨ ਮੰਤਰੀ ਬੈਂਸ ਨੇ ਇਸ ਸਕੂਲ ਦੇ 12ਵੀਂ ਜਮਾਤ ਦੇ ਇਕ ਵਿਦਿਆਰਥੀ ਦੀ ਸਫਲਤਾ ਦੀ ਕਹਾਣੀ ਸਾਂਝੀ ਕੀਤੀ, ਜਿਸ ਨੇ

ਬਿਜ਼ਨਸ ਬਲਾਸਟਰ ਪ੍ਰੋਗਰਾਮ ਅਧੀਨ ਦਿੱਤੇ ਗਏ 2,000 ਰੁਪਏ ਨਾਲ ਟੀ-ਸ਼ਰਟ ਡਿਜ਼ਾਈਨ ਦਾ ਕਾਰੋਬਾਰ ਸ਼ੁਰੂ ਕੀਤਾ ਸੀ ਤੇ ਹੁਣ ਉਹ 40 ਫੀਸਦ ਮੁਨਾਫ਼ੇ ਨਾਲ ਪ੍ਰਤੀ ਮਹੀਨਾ 50,000 ਰੁਪਏ ਕਮਾਅ ਰਿਹਾ ਏ।

---------------------------------------------------

ਸੀਨੀਅਰ ਮਰਦਾਂ ਦੀ 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ 2025 ਵਿਚ ਅੱਜ ਸ਼ਾਮ, ਉੱਤਰ ਪ੍ਰਦੇਸ਼ ਦੇ ਝਾਂਸੀ ਵਿਖੇ ਹੋਣ ਵਾਲੇ ਫਾਈਨਲ ਮੁਕਾਬਲੇ ਵਿਚ ਪੰਜਾਬ ਅਤੇ ਮੱਧ ਪ੍ਰਦੇਸ਼ ਇਕ-ਦੂਜੇ ਖਿਲਾਫ਼ ਮੈਦਾਨ ’ਚ ਉਤਰਨਗੇ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਏਗਾ। ਇਸ ਤੋਂ ਇਲਾਵਾ, ਮੇਜ਼ਬਾਨ ਉੱਤਰ ਪ੍ਰਦੇਸ਼ ਅਤੇ ਮਨੀਪੁਰ ਦਰਮਿਆਨ ਤੀਜੇ ਅਤੇ ਚੌਥੇ ਸਥਾਨ ਲਈ ਮੁਕਾਬਲਾ ਸ਼ਾਮ 5 ਵਜੇ ਤੋਂ ਹੋਏਗਾ।

---------------------------------------------------

ਪੰਜਾਬ ਵਿਚ ਪਿਛਲੇ 24 ਘੰਟਿਆਂ ਵਿਚ ਔਸਤ ਵੱਧ ਤੋਂ ਵੱਧ ਤਾਪਮਾਨ ਵਿਚ 0.9 ਡਿਗਰੀ ਦਾ ਵਾਧਾ ਦਰਜ ਕੀਤਾ ਗਿਆ ਏ। ਇਸ ਦੌਰਾਨ ਬਠਿੰਡਾ ਸਭ ਤੋਂ ਵੱਧ ਗਰਮ ਰਿਹਾ। ਮੌਸਮ ਵਿਭਾਗ ਮੁਤਾਬਕ ਭਲਕੇ 16

ਅਪ੍ਰੈਲ ਤੋਂ ਹਿਮਾਲਿਆ ਦੇ ਖੇਤਰਾਂ ਵਿਚ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਜਾਵੇਗੀ, ਇਸ ਦਾ ਅਸਰ ਪੰਜਾਬ ਦੇ ਮੌਸਮ ‘ਤੇ ਪਵੇਗਾ। ਅਗਲੇ ਚਾਰ ਦਿਨਾਂ ਵਿਚ ਵੱਧ ਤੋਂ ਵੱਧ ਤਾਪਮਾਨ ਵਿਚ 5 ਤੋਂ 6 ਡਿਗਰੀ ਦਾ ਵਾਧਾ ਹੋ ਸਕਦਾ ਏ। ਮੌਸਮ ਵਿਭਾਗ ਨੇ ਲੂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਏ ਤੇ ਇਸ ਦੇ ਨਾਲ ਹੀ ਇਹ ਭਵਿੱਖਬਾਣੀ ਕੀਤੀ ਏ ਕਿ 18, 19 ਅਤੇ 20 ਅਪ੍ਰੈਲ ਨੂੰ ਵੱਖ-ਵੱਖ ਥਾਵਾਂ ‘ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਪੈ ਸਕਦੀ ਏ।